Vigilance Bureau Punjab

## Vigilance nabs Registrar employee for taking bribe of Rs.9,500

Chandigarh, June 18: State Vigilance Bureau today nabbed a Sukhmani Singh Advocate working in Sub-Registrar (East) Office, Ludhiana red handed while accepting bribe of Rs 9,500.

Disclosing this here an official spokesperson of the Vigilance Bureau said the accused was arrested on the complaint of Amandeep Singh of village Jagirpur, Raho Road, Ludhiana. The complainant has approached the VB and alleged that the accused employee was demanding Rs 21,500 for mutation of his new shop. The complainant had already paid Rs. 6000 to the accused as a first installment.

After verifying his information, a vigilance team from Ludhiana laid a trap and the accused Sukhmani Singh was arrested on the spot taking bribe of Rs. 9,500 from the complainant as second installment in the presence of two official witnesses.

He informed that a case under prevention of corruption act has been registered against him at VB police station, Ludhiana. Further investigation is under progress.

-------------------

ਵਿਜੀਲੈਂਸ ਬਿਊਰੋ ਪੰਜਾਬ

# ਵਿਜੀਲੈਂਸ ਵੱਲੋਂ ਰਜਿਸਟਰਾਰ ਦਫ਼ਤਰ ਦਾ ਕਰਮਚਾਰੀ 9,500 ਰੁਪਏ ਦੀ ਰਿਸ਼ਵਤ ਲੈਂਦਾ ਰੰਗੇ ਹੱਥੀਂ ਕਾਬੂ

ਚੰਡੀਗੜ੍ਹ, 18 ਜੂਨ:

ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਸਬ-ਰਜਿਸਟਰਾਰ (ਪੂਰਬੀ) ਦਫ਼ਤਰ, ਲੁਧਿਆਣਾ ਵਿਖੇ ਕੰਮ ਕਰ ਰਹੇ ਸੁਖਮਨੀ ਸਿੰਘ ਐਡਵੋਕੇਟ ਨੂੰ 9,500 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਦੋਸ਼ੀ ਨੂੰ ਅਮਨਦੀਪ ਸਿੰਘ ਵਾਸੀ ਪਿੰਡ ਜਗੀਰਪੁਰ, ਰਾਹੋਂ ਰੋਡ, ਲੁਧਿਆਣਾ ਦੀ ਸ਼ਿਕਾਇਤ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਤੱਕ ਪਹੁੰਚ ਕੀਤੀ ਅਤੇ ਦੋਸ਼ ਲਾਇਆ ਕਿ ਦੋਸ਼ੀ ਕਰਮਚਾਰੀ ਉਸਦੀ ਨਵੀਂ ਦੁਕਾਨ ਦੇ ਇੰਤਕਾਲ ਲਈ 21,500 ਰੁਪਏ ਦੀ ਮੰਗ ਕਰ ਰਿਹਾ ਸੀ। ਸ਼ਿਕਾਇਤਕਰਤਾ ਨੇ ਦੱਸਿਆ ਕਿ ਉਸਨੇ ਪਹਿਲੀ ਕਿਸ਼ਤ ਵਜੋਂ 6,000 ਰੁਪਏ ਪਹਿਲਾਂ ਹੀ ਉਕਤ ਕਰਮਚਾਰੀ ਨੂੰ ਅਦਾ ਕਰ ਦਿੱਤੇ ਹਨ।

ਉਸਦੀ ਜਾਣਕਾਰੀ ਦੀ ਪੜਚੋਲ ਕਰਨ ਤੋਂ ਬਾਅਦ ਲੁਧਿਆਣਾ ਦੀ ਇੱਕ ਵਿਜੀਲੈਂਸ ਟੀਮ ਨੇ ਜਾਲ ਵਿਛਾਇਆ ਅਤੇ ਦੋਸ਼ੀ ਸੁਖਮਨੀ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ ਦੂਜੀ ਕਿਸ਼ਤ ਦੇ 9,500 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ 'ਤੇ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।

ਬੁਲਾਰੇ ਨੇ ਦੱਸਿਆ ਕਿ ਦੋਸ਼ੀ ਕਰਮਚਾਰੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਲੁਧਿਆਣਾ ਵਿਖੇ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਗਈ ਹੈ।

-----------